ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ
ਐਟ ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ - 8, ਮੋਹਾਲੀ
(ਗ੍ਰਾਂਟ ਸ਼ਾਖਾ)
Email ID:- dse.grant@punjabeducation.gov.in

ਸੇਵਾ ਵਿਖੇ

ਸਮੂਹ ਜਿਲ੍ਹਾ ਸਿਖਿਆ ਅਫਸਰ(ਸੈਸਿ),

ਪੰਜਾਬ।

ਮੀਮੋ ਨੰ. DPISE/625963/2024 2462

ਮਿਤੀ, ਐਸ.ਏ.ਐਸ. ਨਗਰ, 02/01/2024

ਵਿਸ਼ਾ - ਪੰਜਾਬ ਰਾਜ ਦੇ ਸਮੂਹ ਸਰਕਾਰੀ, ਏਡਿਡ ਅਤੇ ਪ੍ਰਾਈਵੇਟ ਸਕੂਲਾਂ Timing change 01-01-2024 ਤੋਂ 14-01-2024 ਤੱਕ ਸਵੇਰੇ 10.00 ਵਜੇ ਤੋ 3.00(ਬ.ਦੁ) ਤੱਕ ਕਰਨ ਸਬੰਧੀ।

ਉਪਰੋਕਤ ਵਿਸ਼ੇ ਸਬੰਧੀ ਲਿਖਿਆ ਜਾਂਦਾ ਹੈ ਕਿ ਪੰਜਾਬ ਸਰਕਾਰ ਵੱਲੋਂ ਸਮੂਹ ਸਰਕਾਰੀ, ਏਡਿਡ ਅਤੇ ਪ੍ਰਾਇਵੇਟ ਸਕੂਲਾਂ ਵਿੱਚ ਸਮਾਂ ਬਦਲਣ ਲਈ ਹੁਕਮ ਜਾਰੀ ਕੀਤੇ ਗਏ ਸੀ। ਇਹ ਵੇਖਣ ਵਿੱਚ ਆਇਆ ਹੈ ਕਿ ਪੰਜਾਬ ਰਾਜ ਦੇ ਪ੍ਰਾਇਵੇਟ ਸਕੂਲਾਂ ਵੱਲੋਂ ਪੰਜਾਬ ਸਰਕਾਰ ਦੇ ਕੀਤੇ ਹੁਕਮਾਂ ਦੀ ਪਾਲਣਾ ਨਹੀਂ ਕੀਤੀ ਜਾ ਰਹੀ। ਅਜਿਹੇ ਸਕੂਲਾਂ ਨੂੰ ਤੁਰੰਤ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਜਾਵੇ ਅਤੇ ਰਿਪੋਰਟ ਇਸ ਦਫਤਰ ਨੂੰ ਭੇਜੀ ਜਾਵੇ।

2.1.24

ਸਹਾਇਕ ਡਾਇਰੈਕਟਰ(ਪ੍ਰ.ਏ.ਡ)

DEO website ...

## ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਬਠਿੰਡਾ

ਪਿੱਠ ਅੰਕਣ ਨੰ: ਸਟੈਨੋ/ਜਿਸਿਅ( )2024/ 10 ਮਿਤੀ: 02.01.2024

ਉਪਰੋਕਤ ਦਾ ਉਤਾਰਾ ਜ਼ਿਲ੍ਹੇ ਦੇ ਸਮੂਹ ਸਰਕਾਰੀ, ਏਡਿਡ ਅਤੇ ਪ੍ਰਾਈਵੇਟ ਸਕੂਲਾਂ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਵਿਭਾਗ ਵੱਲੋਂ ਮਿਤੀ 01.01.2024 ਤੋਂ 14.01.2024 ਤੱਕ ਸਕੂਲਾਂ ਦਾ ਸਮਾਂ ਸਵੇਰੇ 10:00 ਵਜੇ ਤੋਂ 3:00 (ਬ.ਦੁ) ਤੱਕ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਜੇਕਰ ਇਹ ਪਾਇਆ ਜਾਂਦਾ ਹੈ ਕਿ ਕੋਈ ਸਕੂਲ ਵਿਭਾਗ ਦੇ ਹੁਕਮਾਂ ਦੀ ਪਾਲਣਾ ਨਹੀਂ ਕਰ ਰਿਹਾ ਤਾਂ ਸਬੰਧਤ ਸਕੂਲ ਖਿਲਾਫ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਲਈ ਉਪਰੋਕਤ ਪੱਤਰ ਵਿੱਚ ਦਰਜ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

02/01/2024

ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
ਬਠਿੰਡਾ

Scanned with OKEN Scanner